# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 09-09-2025**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਾਲੀਆ ਹੜ੍ਹਾਂ ਦੇ ਮੱਦੇਨਜ਼ਰ ਅੱਜ ਪੰਜਾਬ ਤੇ ਹਿਮਾਚਲ ਪ੍ਰਦੇਸ਼ ਦਾ ਦੌਰਾ ਕੀਤਾ | ਪੰਜਾਬ ਦੇ ਦੌਰੇ ਦੌਰਾਨ ਪ੍ਰਧਾਨ ਮੰਤਰੀ ਨੇ ਸੂਬੇ ਲਈ 1600 ਕਰੋੜ ਰੁਪਏ ਦੀ ਮਾਲੀ ਸਹਾਇਤਾ ਦਾ ਐਲਾਨ ਕੀਤਾ.
- ਉਪ-ਰਾਸ਼ਟਰਪਤੀ ਦੇ ਅਹੁਦੇ ਲਈ ਅੱਜ ਸੰਸਦ ਭਵਨ ਵਿਖੇ ਵੋਟਾਂ ਪਈਆਂ. ਵੋਟਾਂ ਦੀ ਗਿਣਤੀ ਸ਼ੁਰੂ .
- ਸੂਬੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਅੱਜ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ (PM SMA) ਦਿਵਸ ਮਨਾਇਆ ਗਿਆ.
- ਭਾਰਤ ਨੇ ਅੱਜ ਮਾਨਵਤਾ ਦੇ ਆਧਾਰ 'ਤੇ, ਅੰਮ੍ਰਿਤਸਰ ਦੀ ਅਟਾਰੀ-ਵਾਹਗਾ ਸਾਂਝੀ ਚੈੱਕ ਪੋਸਟ ਤੋਂ 67 ਪਾਕਿਸਤਾਨੀ ਕੈਦੀਆਂ ਨੂੰ ਵਾਪਸ ਭੇਜ ਦਿੱਤਾ ਏ ।

- 17ਵਾਂ ਏਸ਼ੀਆ ਕੱਪ ਕ੍ਰਿਕਟ ਟੂਰਨਾਮੈਂਟ 2025 ਅੱਜ ਸ਼ਾਮ ਸੰਯੁਕਤ ਅਰਬ ਅਮੀਰਾਤ ਦੇ ਅਬੂ ਧਾਬੀ ਵਿੱਚ ਸ਼ੁਰੂ ਹੋਵੇਗਾ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਹੜ੍ਹ ਪ੍ਰਭਾਵਿਤ ਸੂਬਿਆਂ ਪੰਜਾਬ ਤੇ ਹਿਮਾਚਲ ਪ੍ਰਦੇਸ਼ ਦਾ ਦੌਰਾ ਕੀਤਾ. ਪੰਜਾਬ ਦੇ ਆਪਣੇ ਦੌਰੇ ਦੌਰਾਨ ਪ੍ਰਧਾਨ ਮੰਤਰੀ ਨੇ ਸੂਬੇ ਦੇ ਖਾਤੇ ਵਿੱਚ ਪਹਿਲਾਂ ਹੀ ਮੌਜੂਦ 12,ਹਜ਼ਾਰ ਕਰੋੜ ਰੁਪਏ ਤੋਂ ਇਲਾਵਾ ਪੰਜਾਬ ਲਈ 1600 ਕਰੋੜ ਰੁਪਏ ਦੀ ਮਾਲੀ ਸਹਾਇਤਾ ਦਾ ਐਲਾਨ ਕੀਤਾ। SDRF ਅਤੇ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਦੀ ਦੂਜੀ ਕਿਸ਼ਤ ਅਗਾਹੂੰ ਜਾਰੀ ਕੀਤੀ ਜਾਵੇਗੀ। ਓਹਨਾਂ ਹੜ੍ਹਾਂ ਅਤੇ ਕੁਦਰਤੀ ਆਫ਼ਤਾਂ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲੇ ਲੋਕਾਂ ਦੇ ਨਜ਼ਦੀਕੀ ਰਿਸ਼ਤੇਦਾਰਾਂ ਨੂੰ 2- 2 ਲੱਖ ਰੁਪਏ ਅਤੇ ਗੰਭੀਰ ਰੂਪ ‘ਚ ਜ਼ਖਮੀ ਹੋਏ ਲੋਕਾਂ ਨੂੰ ਨੂੰ 50- 50 ਹਜ਼ਾਰ ਰੁਪਏ ਦੀ ਰਾਹਤ ਰਕਮ ਦਾ ਐਲਾਨ ਵੀ ਕੀਤਾ। ਓਹਨਾਂ ਇਹ ਐਲਾਨ ਵੀ ਕੀਤਾ ਕਿ ਹਾਲ ਹੀ ਵਿੱਚ ਆਏ ਹੜ੍ਹਾਂ ਅਤੇ ਜ਼ਮੀਨ ਖਿਸਕਣ ਕਾਰਨ ਅਨਾਥ ਹੋਏ ਬੱਚਿਆਂ ਨੂੰ ਪੀਐਮ ਕੇਅਰਜ਼ ਫਾਰ ਚਿਲਡਰਨ ਸਕੀਮ ਤਹਿਤ ਵਿਆਪਕ ਸਹਾਇਤਾ

ਦਿੱਤੀ ਜਾਵੇਗੀ। ਇਹ ਉਨ੍ਹਾਂ ਦੀ ਲੰਮੇ ਸਮੇਂ ਦੀ ਭਲਾਈ ਨੂੰ ਯਕੀਨੀ ਬਣਾਏਗਾ। ਹੜ੍ਹ ਪ੍ਰਭਾਵਿਤ ਸੂਬੇ ਦੀ ਜ਼ਮੀਨੀ ਸਥਿਤੀ ਦਾ ਜਾਇਜ਼ਾ ਲੈਣ ਲਈ ਪੰਜਾਬ ਦੇ ਗੁਰਦਾਸਪੁਰ ਪਹੁੰਚੇ ਪ੍ਰਧਾਨ ਮੰਤਰੀ ਨੇ ਸੂਬੇ ਵਿੱਚ ਹੋਏ ਨੁਕਸਾਨ ਦੀ ਹੱਦ ਬਾਰੇ ਸੀਨੀਅਰ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ.

ਇੱਕ ਰਿਪੋਰਟ

---------------------------------------------------------

ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਿਮਾਚਲ ਪ੍ਰਦੇਸ਼ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਜਾਇਜ਼ਾ ਲਿਆ ਤੇ ਕੁਦਰਤੀ ਆਫ਼ਤ ਤੋਂ ਪ੍ਰਭਾਵਿਤ ਲੋਕਾਂ ਦੇ ਨਾਲ ਖੜ੍ਹੇ ਹੋਣ ਦੀ ਕੇਂਦਰ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਹਿਮਾਚਲ ਪ੍ਰਦੇਸ਼ ਵਿੱਚ ਆਪਣੇ ਦੌਰੇ ਦੀ ਸ਼ੁਰੂਆਤ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਮੋਹਲੇਧਾਰ ਮੀਂਹ ਅਤੇ ਜ਼ਮੀਨ ਖਿਸਕਣ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲਿਆ।

---------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਲੁਧਿਆਣਾ

ਵਿਖੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸਿਹਤ ਸੇਵਾਵਾਂ ਦੀ ਸਮੀਖਿਆ ਕੀਤੀ, ਜਿਸ ਵਿੱਚ ਲੋਕਾਂ ਨੂੰ ਬਰਸਾਤੀ ਪਾਣੀ ਤੋਂ ਹੋਣ ਵਾਲੀਆਂ ਬੀਮਾਰਿਆਂ ਤੋਂ ਬਚਾਅ ਲਈ ਮਜ਼ਬੂਤ ਡਾਕਟਰੀ ਸਹਾਇਤਾ ਅਤੇ ਸਰਗਰਮ ਉਪਾਵਾਂ 'ਤੇ ਜ਼ੋਰ ਦਿੱਤਾ ਗਿਆ। ਸਰਕਟ ਹਾਊਸ ਵਿਖੇ ਜ਼ਿਲ੍ਹਾ ਪ੍ਰਸ਼ਾਸਨ, ਸਿਹਤ ਵਿਭਾਗ, ਨਗਰ ਨਿਗਮ, ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈ.ਐਮ.ਏ.) ਅਤੇ ਵੱਖ-ਵੱਖ ਗੈਰ-ਸਰਕਾਰੀ ਸੰਗਠਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਵੈਕਟਰ-ਬੋਰਨ ਬਿਮਾਰੀਆਂ ਦੇ ਜੋਖਮਾਂ ਬਾਰੇ ਗੱਲ ਕੀਤੀ। ਮੰਤਰੀ ਨੇ ਵਿਆਪਕ ਪਾਣੀ ਭਰਨ ਅਤੇ ਮੱਛਰਾਂ ਕਾਰਨ ਡੇਂਗੂ, ਮਲੇਰੀਆ, ਬੁਖਾਰ, ਚਮੜੀ ਦੀ ਲਾਗ ਅਤੇ ਪੇਟ ਦੀਆਂ ਬਿਮਾਰੀਆਂ ਦੇ ਸੰਭਾਵੀ ਖ਼ਤਰੇ ਬਾਰੇ ਚਾਨਣਾ ਪਾਇਆ। ਇਨ੍ਹਾਂ ਖਤਰਿਆਂ ਦਾ ਮੁਕਾਬਲਾ ਕਰਨ ਲਈ ਉਨ੍ਹਾਂ ਐਲਾਨ ਕੀਤਾ ਕਿ ਸਿਹਤ ਟੀਮਾਂ ਹੜ੍ਹ ਦਾ ਪਾਣੀ ਘੱਟ ਹੋਣ 'ਤੇ ਪੰਜਾਬ ਦੇ ਹਰ ਪਿੰਡ ਵਿੱਚ ਘਰ-ਘਰ ਸਰਵੇਖਣ ਕਰਨਗੀਆਂ, ਜਿਸ ਨਾਲ ਜ਼ਰੂਰ ਸਿਹਤ ਕਦਮਾਂ ਬਾਰੇ ਜਾਗਰੂਕਤਾ ਪੈਦਾ ਹੋਵੇਗੀ। ਸਿਹਤ ਮੰਤਰੀ ਨੇ ਨਗਰ ਨਿਗਮ ਅਤੇ ਦਿਹਾਤੀ  ਵਿਕਾਸ ਅਤੇ ਪੰਚਾਇਤ ਵਿਭਾਗ ਨੂੰ

ਸੰਭਾਵੀ ਬੀਮਾਰਿਆਂ ਦੀ ਰੋਕਥਾਮ ਲਈ ਪ੍ਰਭਾਵਿਤ ਖੇਤਰਾਂ ਵਿੱਚ ਫੌਗਿੰਗ ਕਰਨ ਦਾ ਨਿਰਦੇਸ਼ ਵੀ ਦਿੱਤਾ। ਕੈਬਨਿਟ ਮੰਤਰੀ ਨੇ ਸਮਾਜਿਕ ਸੰਗਠਨਾਂ ਅਤੇ ਆਈ.ਐਮ.ਏ ਨੂੰ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਸਵੈ-ਇੱਛਾ ਨਾਲ ਕੰਮ ਕਰਨ ਅਤੇ ਗੋਦ ਲੈਣ ਦਾ ਸੱਦਾ ਦਿੱਤਾ, ਜੋਕਿ ਇਸ ਔਖੀ ਘੜੀ ਵਿੱਚ ਮਾਨਵਤਾ ਦੀ ਸੱਚੀ ਸੇਵਾ ਏ। ਮੀਟਿੰਗ ਤੋਂ ਬਾਅਦ, ਡਾ. ਬਲਬੀਰ ਸਿੰਘ ਨੇ ਹੜ੍ਹ ਪ੍ਰਭਾਵਿਤ ਭਾਈਚਾਰਿਆਂ ਵਿੱਚ ਐਮਰਜੈਂਸੀ ਸੇਵਾਵਾਂ ਨੂੰ ਵਧਾਉਣ ਲਈ ਇੱਕ ਨਵੀਂ ਐਂਬੂਲੈਂਸ ਨੂੰ ਹਰੀ ਝੰਡੀ ਦਿਖਾਈ।

---------------------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਵਸਨੀਕਾਂ ਨੂੰ ਹੜ੍ਹਾਂ ਦੇ ਮੱਦੇਨਜ਼ਰ ਸਿਹਤ ਖਤਰਿਆਂ ਤੋਂ ਬਚਾਉਣ ਲਈ ਇੱਕ ਜ਼ਰੂਰੀ ਜਨਤਕ ਸਿਹਤ ਸਲਾਹ ਜਾਰੀ ਕੀਤੀ ਹੈ। ਅੱਜ ਜਾਰੀ ਕੀਤੇ ਇੱਕ ਵੀਡੀਓ ਸੰਦੇਸ਼ ਵਿੱਚ, ਜੈਨ ਨੇ ਖੜ੍ਹੇ ਪਾਣੀ ਨਾਲ ਪੈਦਾ ਹੋਣ ਵਾਲੇ ਸੰਭਾਵੀ ਜੋਖਮਾਂ ਨੂੰ ਉਜਾਗਰ ਕੀਤਾ, ਜਿਸ ਨੂੰ ਜੇਕਰ ਤੁਰੰਤ ਹੱਲ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਮਹਾਂਮਾਰੀ ਫੈਲ ਸਕਦੀ ਹੈ। ਜਨਤਕ ਸਿਹਤ ਦੀ ਰੱਖਿਆ ਲਈ, ਡਿਪਟੀ ਕਮਿਸ਼ਨਰ ਜੈਨ ਨੇ

ਨਿਵਾਸੀਆਂ ਨੂੰ ਪੀਣ ਲਈ ਸਿਰਫ ਉਬਾਲੇ ਹੋਏ ਪਾਣੀ ਦੀ ਵਰਤੋਂ ਕਰਨ ਦੀ ਜ਼ੋਰਦਾਰ ਸਲਾਹ ਦਿੱਤੀ। ਪ੍ਰਸ਼ਾਸਨ ਹਾਲ ਹੀ ਵਿੱਚ ਹੋਈ ਬਾਰਿਸ਼ ਕਾਰਨ ਪੈਦਾ ਹੋਈਆਂ ਚੁਣੌਤੀਆਂ ਦਾ ਹੱਲ ਕਰਨ ਅਤੇ ਸਾਰੇ ਨਾਗਰਿਕਾਂ ਦੀ ਸੁਰੱਖਿਆ ਅਤੇ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ ਸਰਗਰਮੀ ਨਾਲ ਕਦਮ ਚੁੱਕ ਰਿਹਾ ਹੈ। ਉਨ੍ਹਾਂ ਵਸਨੀਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਲਈ 104 ਰਾਜ-ਪੱਧਰੀ ਸਿਹਤ ਹੈਲਪਲਾਈਨ ਦੀ ਵਰਤੋਂ ਕਰਨ ਲਈ ਕਿਹਾ।

---------------------------------------------------------

ਉਪ ਰਾਸ਼ਟਰਪਤੀ ਚੋਣ ਲਈ ਵੋਟਿੰਗ ਪ੍ਰਕਿਰਿਆ ਸਮਾਪਤ ਹੋ ਗਈ ਏ ਤੇ ਵੋਟਾਂ ਦੀ ਗਿਣਤੀ ਸ਼ੁਰੂ ਹੋ ਗਈ ਏ | ਵੋਟਿੰਗ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਹੋਈ। ਉਪ ਰਾਸ਼ਟਰਪਤੀ ਚੋਣ ਲਈ ਮੁਕਾਬਲਾ ਐਨਡੀਏ ਦੇ ਉਮੀਦਵਾਰ ਅਤੇ ਮਹਾਰਾਸ਼ਟਰ ਦੇ ਰਾਜਪਾਲ ਸੀਪੀ ਰਾਧਾਕ੍ਰਿਸ਼ਨਨ ਅਤੇ ਇੰਡੀਆ ਬਲਾਕ ਦੇ ਉਮੀਦਵਾਰ ਅਤੇ ਸੁਪਰੀਮ ਕੋਰਟ ਦੇ ਸਾਬਕਾ ਜੱਜ ਬੀ ਸੁਦਰਸ਼ਨ ਰੈੱਡੀ ਵਿਚਕਾਰ ਏ। ਸੰਸਦ ਦੇ ਦੋਵਾਂ ਸਦਨਾਂ ਦੇ ਮੈਂਬਰਾਂ ਨੇ ਭਾਰਤ ਦੇ ਅਗਲੇ ਉਪ ਰਾਸ਼ਟਰਪਤੀ ਦੀ

ਚੋਣ ਲਈ ਆਪਣੀ ਵੋਟ ਪਾਈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਵੋਟ ਪਾਉਣ ਵਾਲੇ ਮੈਂਬਰਾਂ ਵਿੱਚੋਂ ਪਹਿਲੇ ਸਨ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਇੱਕ ਵਧੇਰੇ ਕੁਸ਼ਲ ਅਤੇ ਨਾਗਰਿਕ-ਪੱਖੀ ਆਰਥਿਕਤਾ ਬਣਾਉਣ ਦਾ ਸੁਪਨਾ 3 ਸਤੰਬਰ ਨੂੰ, ਜੀਐਸਟੀ ਕੌਂਸਲ ਵੱਲੋਂ GST ਦਰਾਂ ਨੂੰ ਤਰਕਸੰਗਤ ਬਣਾਉਣ ਨੂੰ ਮਨਜ਼ੂਰੀ ਦਿੱਤੇ ਜਾਣ ਨਾਲ ਸਾਕਾਰ ਹੋਇਆ। ਇਹ GST ਸੁਧਾਰ ਆਮ ਆਦਮੀ 'ਤੇ ਕੇਂਦ੍ਰਿਤ ਨੇ। ਅੱਜ ਅਸੀਂ ਹਾਊਸਿੰਗ ਸੈਕਟਰ ਲਈ ਕੀਤੇ ਗਏ ਸੁਧਾਰਾਂ 'ਤੇ ਨਜ਼ਰ ਮਾਰਦੇ ਹਾਂ।

ਇੱਕ ਰਿਪੋਰਟ :

ਸਰਕਾਰ ਨੇ ਮੁੱਖ ਇਮਾਰਤੀ ਸਮੱਗਰੀ 'ਤੇ GST ਦਰਾਂ ਘਟਾ ਕੇ ਰਿਹਾਇਸ਼ ਅਤੇ ਉਸਾਰੀ ਖੇਤਰ ਲਈ ਵੱਡੀ ਰਾਹਤ ਦਾ ਐਲਾਨ ਕੀਤਾ ਏ। ਸੀਮੈਂਟ 'ਤੇ 28 ਫ਼ੀਸਦੀ GST ਨੂੰ ਘਟਾ ਕੇ, ਹੁਣ 18 ਫ਼ੀਸਦੀ ਕਰ ਦਿੱਤਾ ਗਿਆ ਏ। ਸੰਗਮਰਮਰ, ਗ੍ਰੇਨਾਈਟ ਬਲਾਕ ਅਤੇ ਰੇਤ-ਚੂਨਾ ਇੱਟਾਂ ਵਰਗੀਆਂ ਚੀਜ਼ਾਂ 'ਤੇ ਦਰਾਂ 12 ਫ਼ੀਸਦੀ ਤੋਂ ਘਟਾ ਕੇ, ਸਿਰਫ਼ 5 ਫ਼ੀਸਦੀ ਕਰ ਦਿੱਤੀਆਂ ਗਈਆਂ ਨੇ। ਇਸੇ ਤਰ੍ਹਾਂ, ਬਾਂਸ ਦੇ ਫਰਸ਼, ਲੱਕੜ ਦੇ ਜੋੜ, ਪੈਕਿੰਗ ਕੇਸ ਅਤੇ ਪੈਲੇਟਸ 'ਤੇ ਵੀ ਹੁਣ 12 ਫ਼ੀਸਦੀ ਦੀ ਬਜਾਏ, 5 ਫ਼ੀਸਦੀ ਜੀਐਸਟੀ ਹੀ ਲੱਗੇਗਾ।

ਇਸ ਕਦਮ ਨਾਲ ਉਸਾਰੀ ਸਮੱਗਰੀ ਸਸਤੀ ਹੋਣ ਦੀ ਉਮੀਦ ਏ, ਜਿਸ ਨਾਲ ਘਰਾਂ ਅਤੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦੀ ਕੁੱਲ ਲਾਗਤ ਘਟੇਗੀ। ਇਸ ਨਾਲ ਲੋਕਾਂ ਲਈ ਘਰ ਖਰੀਦਣ ਅਤੇ ਬਣਾਉਣ ਦੀ

ਸਮਰੱਥਾ ਵੀ ਵਧੇਗੀ। ਇਸ ਮਹੀਨੇ ਦੀ 3 ਤਰੀਕ ਨੂੰ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਰਿਹਾਇਸ਼ ਖੇਤਰ ਦੀ ਦਰ ਵਿੱਚ ਕਟੌਤੀ, ਲੋਕਾਂ ਲਈ ਇੱਕ ਵੱਡੀ ਰਾਹਤ ਏ।

ਇਸ ਕਦਮ ਨਾਲ ਭਾਰਤ ਦੇ ਹਾਊਸਿੰਗ ਸੈਕਟਰ ਨੂੰ ਵੱਡਾ ਹੁਲਾਰਾ ਮਿਲੇਗਾ ਅਤੇ ਲੋਕਾਂ ਨੂੰ, ਖਾਸ ਕਰਕੇ ਮੱਧ ਵਰਗ ਦੇ ਪਰਿਵਾਰਾਂ ਨੂੰ, ਅਰਥਪੂਰਨ ਰਾਹਤ ਮਿਲੇਗੀ।

---------------------------------------------------------

ਅੱਜ ਪੰਜਾਬ ਚ ਵੱਖ ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ (PM SMA) ਦਿਵਸ ਮਨਾਉਣ ਲਈ ਮਹਿਲਾ ਰੋਗਾਂ ਦੇ ਮਾਹਰ ਡਾਕਟਰਾਂ ਵਲੋਂ ਗਰਭਵਤੀ ਔਰਤਾਂ ਦੀ ਮੁਫ਼ਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਸੁਰੱਖਿਅਤ ਜਣੇਪੇ ਸਬੰਧੀ ਜਾਣਕਾਰੀ ਦਿਤੀ ਗਈ। ਮੁਹਾਲੀ ਦੇ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਤਮੰਨਾ ਸਿੰਘਲ ਨੇ ਦਸਿਆ ਕਿ ਇਸ ਪ੍ਰੋਗਰਾਮ ਤਹਿਤ ਹਰ ਮਹੀਨੇ ਦੀ 9 ਤਰੀਕ ਤੇ 23 ਤਰੀਕ ਨੂੰ ਗਰਭਵਤੀ ਔਰਤਾਂ ਖ਼ਾਸਕਰ ਉੱਚ ਜੋਖਮ ਵਾਲੀਆਂ ਗਰਭਵਤੀ ਔਰਤਾਂ ਦੀ ਮੁਫ਼ਤ ਜਾਂਚ ਕੀਤੀ ਜਾਂਦੀ ਏ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਦੂਜੀ ਅਤੇ ਤੀਜੀ ਤਿਮਾਹੀ ਵਾਲੀਆਂ ਗਰਭਵਤੀ ਔਰਤਾਂ ਦੀ ਜਾਂਚ ਕਰਨਾ ਅਤੇ ਉਚ ਜੋਖਮ ਵਾਲੀਆਂ ਗਰਭਵਤੀ ਔਰਤਾਂ ਦੀ ਪਛਾਣ ਕਰ ਕੇ ਉਨ੍ਹਾਂ

ਨੂੰ ਸਹੀ ਇਲਾਜ ਪ੍ਰਦਾਨ ਕਰਨਾ ਏ । ਸਿਹਤ ਅਧਿਕਾਰੀਆਂ ਨੇ ਆਮ ਲੋਕਾਂ, ਖ਼ਾਸਕਰ ਗਰਭਵਤੀ ਔਰਤਾਂ ਨੂੰ ਸਰਕਾਰੀ ਸਿਹਤ ਸੰਸਥਾਵਾਂ ਵਿਖੇ ਪਹੁੰਚ ਕੇ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਮੁਫਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਅਪੀਲ ਕੀਤੀ।

---------------------------------------------------------------

ਬਠਿੰਡਾ ’ਚ ਵੀ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਮੁਹਿੰਮ ਦੇ ਹਿੱਸੇ ਵਜੋਂ ਗਰਭਵਤੀ ਔਰਤਾਂ ਖਾਸ ਤੌਰ ‘ਤੇ ਜੋਖਮ ਵਾਲੀਆਂ ਗਰਭਵਤੀ ਔਰਤਾਂ ਲਈ ਵਿਸ਼ੇਸ਼ ਕੈਂਪ ਲਾਇਆ ਗਿਆ . ਸਿਵਲ ਸਰਜਨ ਬਠਿੰਡਾ, ਡਾ ਤਪਿੰਦਰਜੋਤ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਅਤੇ ਕਮਿਊਨਿਟੀ ਸਿਹਤ ਕੇਂਦਰਾਂ ਵਿੱਚ ਮੁਫਤ ਸਿਹਤ ਜਾਂਚ ਕੈਂਪਾਂ ਲਾਇਆ ਜਾ ਰਿਹਾ ਏ. ਉਨ੍ਹਾਂ ਮਾਵਾਂ ਨੂੰ ਜਾਗਰੂਕ ਮਾਂ ਬਣਨ ਦਾ ਸੱਦਾ ਦਿੱਤਾ। ਇਸੇ ਤਰ੍ਹਾਂ ਸੂਬੇ ਦੇ ਬਾਕੀ ਹਿੱਸਿਆਂ ‘ਚ ਵੀ ਅਜਿਹੇ ਕੈਂਪ ਲਾਏ ਗਏ.

------------------------------------------------------------

ਭਾਰਤ ਨੇ ਅੱਜ ਮਾਨਵਤਾ ਦੇ ਆਧਾਰ 'ਤੇ, ਅੰਮ੍ਰਿਤਸਰ ਦੀ ਅਟਾਰੀ-

ਵਾਹਗਾ ਸਾਂਝੀ ਚੈੱਕ ਪੋਸਟ ਤੋਂ 67 ਪਾਕਿਸਤਾਨੀ ਕੈਦੀਆਂ ਨੂੰ ਵਾਪਸ ਭੇਜ ਦਿੱਤਾ ਏ। ਉਨ੍ਹਾਂ ਨੂੰ ਭਾਰਤੀ ਅਧਿਕਾਰੀਆਂ ਨੇ ਪਾਕਿਸਤਾਨ ਰੇਂਜਰਾਂ ਨੂੰ ਸੌਂਪ ਦਿੱਤਾ। ਇਨ੍ਹਾਂ ਵਿੱਚ 53 ਮਛੇਰੇ ਅਤੇ 14 ਸਿਵਲ ਕੈਦੀ ਸ਼ਾਮਲ ਨੇ. ਅਟਾਰੀ ਪ੍ਰੋਟੋਕੋਲ ਅਫਸਰ, ਅਰੁਣ ਮਾਹਲ ਨੇ ਕਿਹਾ ਕਿ ਰਿਹਾਅ ਕੀਤੇ ਗਏ ਕੈਦੀਆਂ ਵਿੱਚੋਂ 21 ਗੁਜਰਾਤ ਜੇਲ੍ਹ ਵਿੱਚ, 39 ਪੋਰਬੰਦਰ ਵਿੱਚ ਅਤੇ ਹੋਰ ਰਾਜਸਥਾਨ, ਹੈਦਰਾਬਾਦ, ਲੁਧਿਆਣਾ ਅਤੇ ਅੰਮ੍ਰਿਤਸਰ ਜੇਲ੍ਹਾਂ ਵਿੱਚ ਬੰਦ ਸਨ। ਉਨ੍ਹਾਂ ਨੂੰ ਆਪਣੀ ਕੈਦ ਦੀ ਮਿਆਦ ਪੂਰੀ ਹੋਣ ਤੋਂ ਬਾਅਦ ਰਿਹਾਅ ਕੀਤਾ ਗਿਆ ਸੀ।

---------------------------------------------------------------

17ਵਾਂ ਏਸ਼ੀਆ ਕੱਪ ਕ੍ਰਿਕਟ ਟੂਰਨਾਮੈਂਟ 2025 ਅੱਜ ਸ਼ਾਮ ਨੂੰ ਸੰਯੁਕਤ ਅਰਬ ਅਮੀਰਾਤ UAE ਦੇ ਅਬੂ ਧਾਬੀ ਵਿੱਚ ਸ਼ੁਰੂ ਹੋਵੇਗਾ। ਇਹ ਇਸ ਮਹੀਨੇ ਦੀ 28 ਤਰੀਕ ਤੱਕ ਚੱਲੇਗਾ। ਟੂਰਨਾਮੈਂਟ ਦਾ ਪਹਿਲਾ ਮੈਚ ਅੱਜ ਰਾਤ 8 ਵਜੇ ਅਫਗਾਨਿਸਤਾਨ ਅਤੇ ਹਾਂਗਕਾਂਗ ਵਿਚਕਾਰ ਖੇਡਿਆ ਜਾਵੇਗਾ। ਭਾਰਤ ਆਪਣਾ ਪਹਿਲਾ ਮੈਚ ਕੱਲ੍ਹ ਸੰਯੁਕਤ ਅਰਬ ਅਮੀਰਾਤ ਵਿਰੁੱਧ ਖੇਡੇਗਾ। ਭਾਰਤ ਦਾ ਸਾਹਮਣਾ 14 ਸਤੰਬਰ ਨੂੰ ਪਾਕਿਸਤਾਨ

ਨਾਲ ਹੋਵੇਗਾ। ਇਸ ਵਾਰ ਇਹ ਟੂਰਨਾਮੈਂਟ ਟੀ-20 ਫਾਰਮੈਟ ਵਿੱਚ ਖੇਡਿਆ ਜਾ ਰਿਹਾ ਏ ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਾਲੀਆ ਹੜ੍ਹਾਂ ਦੇ ਮੱਦੇਨਜ਼ਰ ਅੱਜ ਪੰਜਾਬ ਤੇ ਹਿਮਾਚਲ ਪ੍ਰਦੇਸ਼ ਦਾ ਦੌਰਾ ਕੀਤਾ | ਪੰਜਾਬ ਦੇ ਦੌਰੇ ਦੌਰਾਨ ਪ੍ਰਧਾਨ ਮੰਤਰੀ ਨੇ ਸੂਬੇ ਲਈ 1600 ਕਰੋੜ ਰੁਪਏ ਦੀ ਮਾਲੀ ਸਹਾਇਤਾ ਦਾ ਐਲਾਨ ਕੀਤਾ.
- ਉਪ-ਰਾਸ਼ਟਰਪਤੀ ਦੇ ਅਹੁਦੇ ਲਈ ਅੱਜ ਸੰਸਦ ਭਵਨ ਵਿਖੇ ਵੋਟਾਂ ਪਈਆਂ. ਵੋਟਾਂ ਦੀ ਗਿਣਤੀ ਸ਼ੁਰੂ .
- ਸੂਬੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਅੱਜ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ (PM SMA) ਦਿਵਸ ਮਨਾਇਆ ਗਿਆ.
- ਭਾਰਤ ਨੇ ਅੱਜ ਮਾਨਵਤਾ ਦੇ ਆਧਾਰ 'ਤੇ, ਅੰਮ੍ਰਿਤਸਰ ਦੀ ਅਟਾਰੀ-ਵਾਹਗਾ ਸਾਂਝੀ ਚੈੱਕ ਪੋਸਟ ਤੋਂ 67 ਪਾਕਿਸਤਾਨੀ ਕੈਦੀਆਂ ਨੂੰ ਵਾਪਸ ਭੇਜ ਦਿੱਤਾ ਏ ।
- 17ਵਾਂ ਏਸ਼ੀਆ ਕੱਪ ਕ੍ਰਿਕਟ ਟੂਰਨਾਮੈਂਟ 2025 ਅੱਜ ਸ਼ਾਮ ਸੰਯੁਕਤ ਅਰਬ ਅਮੀਰਾਤ ਦੇ ਅਬੂ ਧਾਬੀ ਵਿੱਚ ਸ਼ੁਰੂ ਹੋਵੇਗਾ।

-----------------------------------------------------------

**ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ**

**ਖਬਰਾਂ ਦਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ**

**ਸ਼ਾਮ ਸਾਢੇ 7 ਵਜੇ. ਨਮਸਕਾਰ**